# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 1-10-2023**

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅੱਜ ਵੱਡੀ ਸਫਾਈ ਮੁਹਿੰਮ ਵਿੱਚ ਸ਼ਾਮਿਲ ਹੋ ਕੇ ਸਵੱਛਤਾ ਹੀ ਸੇਵਾ ਅਭਿਆਨ ਵਿੱਚ ਦੇਸ਼ ਦੀ ਅਗਵਾਈ ਕੀਤੀ। ਸਵੱਛਤਾ ਲਈ ਇੱਕ ਤਾਰੀਖ ਇੱਕ ਘੰਟਾ ਇੱਕ ਪਹਿਲਕਦਮੀ ਦੇ ਹਿੱਸੇ ਵਜੋਂ ਅੱਜ ਦੇਸ਼ ਭਰ ਵਿੱਚ ਲੋਕਾਂ ਨੇ ਪ੍ਰਧਾਨ ਮੰਤਰੀ ਮੋਦੀ ਦੇ ਸੱਦੇ ਤੇ ਇੱਕ ਵੱਡੀ ਸਫਾਈ ਮੁਹਿੰਮ ਵਿੱਚ ਹਿੱਸਾ ਲਿਆ। ਸ਼੍ਰੀ ਮੋਦੀ ਨੇ ਮਹਾਤਮਾਂ ਗਾਂਧੀ ਨੂੰ ਉਨ੍ਹਾਂ ਦੀ ਜੇਯੰਤੀ ਤੇ ਸ਼ਰਧੰਜਲੀ ਦੇਣ ਲਈ ਸਵੇਰੇ 10 ਵਜੇ ਸਵੱਛਤਾ ਮੁਹਿੰਮ ਲਈ ਨਾਗਿਰਕਾਂ ਨੂੰ ਇੱਕ ਘੰਟਾ ਸ਼੍ਰਮਦਾਨ ਕਰਨ ਦੀ ਅਪੀਲ ਕੀਤੀ ਸੀ ।

ਜੀਵਨ ਦੇ ਹਰ ਖੇਤਰ ਦੇ ਨਾਗਿਰਕਾਂ ਨੇ ਦੇਸ਼ ਭਰ ਵਿੱਚ ਬਾਜਾਰਾਂ, ਰੇਲਵੇ ਟਰੈਕਾਂ, ਜਲਘਰਾਂ, ਸੈਲਾਨੀ ਸਥਾਨਾਂ ਅਤੇ ਧਾਰਮਿਕ ਸਥਾਨਾਂ ਸਮੇਤ ਜਨਤਕ ਸਥਾਨਾਂ ਤੇ ਸਫਾਈ ਗਤੀਵਿਧੀਆਂ ਵਿੱਚ ਹਿੱਸਾ ਲਿਆ ।

-----------------------------------------------------------

ਉਧਰ ਪੰਜਾਬ ਦੇ ਵੱਖ-ਵੱਖ ਸ਼ਹਿਰਾਂ ਵਿੱਚ ਵੀ ਸਵੱਛਤਾ ਨਾਲ ਜੁੜੀਆਂ ਗਤੀਵਿਧੀਆਂ ਵਿੱਚ ਵੱਡੀ ਗਿਣਤੀ ਵਿੱਚ ਲੋਕ ਸ਼ਾਮਲ ਹੋਏ ।

ਇਸ ਤੋਂ ਇਲਾਵਾ ਸਰਕਾਰੀ ਦਫ਼ਤਰਾਂ ਦੇ ਕੰਪਲੈਕਸ ਵਿੱਚ ਵੀ ਸਵੱਛਤਾ ਮੁਹਿੰਮ ਚਲਾਈ ਗਈ ਤਾਂ ਜੀ ਸਵੱਛ ਭਾਰਤ ਦੇ ਸੁਪਨੇ ਅਤੇ ਦੇਸ਼ ਨੂੰ ਰਲ-ਮਿਲ ਕੇ ਕਚਰਾ ਮੁਕਤ ਕੀਤਾ ਜਾ ਸਕੇ ।

ਇਸੇ ਲੜੀ ਵਿੱਚ ਦੂਰਦਰਸ਼ਨ ਕੇਂਦਰ ਜਲੰਧਰ ਵਿਖੇ ਸਵੱਛਤਾ ਮੁਹਿੰਮ ਦੀ ਅਗਵਾਈ ਕੇਂਦਰ ਦੇ ਪ੍ਰੋਗਰਾਮ ਮੁਖੀ ਪੁਨੀਤ ਸਹਿਗਲ ਅਤੇ ਪ੍ਰੋਡਿਊਸਰ ਕੇਵਲ ਕ੍ਰਿਸ਼ਨ ਨੇ ਕੀਤੀ । ਇਸ ਮੌਕੇ ਡਿਪਟੀ ਡਾਇਰੈਕਟਰ ਇੰਜੀਨੀਅਰਿੰਗ ਕਰਨਬੀਰ ਸਿੰਘ ਅਤੇ ਸੀਨੀਅਰ ਪ੍ਰਸ਼ਾਸਨਿਕ ਅਧਿਕਾਰੀ ਸਤੀਸ਼ ਸ਼ਰਮਾ ਸਮੇਤ ਹੋਰ ਅਧਿਕਾਰੀ ਤੇ ਕਰਮਚਾਰੀ ਮੌਜੂਦ ਰਹੇ ।

ਭਾਰਤ ਸਰਕਾਰ ਦੇ ਪੱਤਰ ਸੂਚਨਾ ਦਫ਼ਤਰ ਵੱਲੋਂ ਵੀ ਆਪਣੇ ਦਫ਼ਤਰ ਅਤੇ ਆਲੇ ਦੁਆਲੇ ਸਫ਼ਾਈ ਕੀਤੀ ਗਈ ।

---------------------------------------------------------

ਏਧਰ ਫ਼ਤਹਿਗੜ੍ਹ ਸਾਹਿਬ ਜ਼ਿਲ੍ਹੇ ਦੇ ਸਰਹਿੰਦ ਸ਼ਹਿਰ ਵਿੱਚ ਭਾਰਤੀ ਸਟੇਟ ਬੈਂਕ ਦੀ ਅਗਵਾਈ ਵਿੱਚ ਮੁੱਖ ਬਜਾਰਾਂ ਦੀ ਸਾਫ-ਸਫਾਈ ਕਰਕੇ ਸ਼੍ਰਮਦਾਨ ਕੀਤਾ ਗਿਆ ।

ਬੈਂਕ ਦੇ ਉਪ ਮਹਾਂਪ੍ਰਬੰਧਕ ਅਨਿਲ ਦੇਵਾਨੀ ਨੇ ਇਸ ਮੌਕੇ ਕਿਹਾ ਕਿ ਸਵੱਛਤਾ ਮਾਨਵਤਾ ਲਈ ਬਹੁਤ ਜ਼ਰੂਰੀ ਏ ਅਤੇ ਸਵੱਛਤਾ ਨਾਲ ਹੀ ਕਈ ਤਰ੍ਹਾਂ ਦੀਆਂ ਬਿਮਾਰੀਆਂ ਤੋਂ ਬਚਾਅ ਕੀਤਾ ਜਾ ਸਕਦਾ ਏ । ਉਨ੍ਹਾਂ ਕਿਹਾ ਕਿ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਜੀ ਦੇ ਜਨਮ ਦਿਵਸ ਮੌਕੇ ਉਨ੍ਹਾਂ ਨੂੰ ਸਵੱਛਤਾ ਨਾਲ ਸ਼ਰਧਾਂਜਲੀ ਦੇਣ ਲਈ ਇਹ ਉਪਰਾਲਾ ਕੀਤਾ ਗਿਆ ਏ ।

---------------------------------------------

ਭਾਜਪਾ ਪੰਜਾਬ ਦੇ ਜਨਰਲ ਸਕੱਤਰ ਰਾਕੇਸ਼ ਰਾਠੌਰ ਨੇ ਕੱਲ੍ਹ ਨਵੀਂ ਦਿੱਲੀ ਵਿੱਚ ਪਾਰਟੀ ਦੇ ਕੌਮੀ ਜਨਰਲ ਸਕੱਤਰ ਤਰੁਣ ਚੁੱਘ ਨਾਲ ਇੱਕ ਸ਼ਿਸ਼ਟਾਚਾਰ ਮੁਲਾਕਾਤ ਕੀਤੀ।
ਇਸ ਦੌਰਾਨ ਦੋਵਾਂ ਆਗੂਆਂ ਨੇ ਪੰਜਾਬ ਦੇ ਮੌਜੂਦਾ ਸਿਆਸੀ ਹਾਲਾਤ ਤੇ ਪਾਰਟੀ ਵੱਲੋਂ ਅਪਣਾਈ ਜਾ ਰਹੀ ਰਣਨੀਤੀ ਤੇ ਚਰਚਾ ਕੀਤੀ। ਪਾਰਟੀ ਵਲੋਂ ਜਾਰੀ ਇਕ ਬਿਆਨ ਅਨੁਸਾਰ ਦੋਵਾਂ ਆਗੂਆਂ ਨੇ ਮੋਦੀ ਸਰਕਾਰ ਵੱਲੋਂ ਪੰਜਾਬ ਦੇ ਲੋਕਾਂ ਲਈ ਚਲਾਈਆਂ ਜਾ ਰਹੀਆਂ ਵੱਖ ਵੱਖ ਯੋਜਨਾਵਾਂ ਲਾਗੂ ਕਰਨ ਵਿੱਚ ਸੂਬਾ ਸਰਕਾਰ ਤਰਫੋਂ ਪੈਦਾ ਕੀਤੀਆਂ ਜਾ ਰਹੀਆਂ ਰੁਕਾਵਟਾਂ, ਆਫ਼ਤ ਨਾਲ ਨਜਿੱਠਣ ਲਈ ਭੇਜੇ ਪੈਸੇ ਦੀ ਦੁਰਵਰਤੋਂ ਅਤੇ ਸੂਬੇ ਦੇ ਖ਼ਰਾਬ ਹੁੰਦੇ ਮਾਲੀ ਹਾਲਾਤ ਬਾਰੇ ਵਿਸਥਾਰ ਨਾਲ ਵਿਚਾਰ ਵਟਾਂਦਰਾ ਕੀਤਾ।
ਰਾਕੇਸ਼ ਰਾਠੌਰ ਨੇ ਪੰਜਾਬ ਵਿੱਚ ਵੱਖ ਵੱਖ ਘਟਨਾਵਾਂ ਮਗਰੋਂ ਲੋਕਾਂ ਵਿੱਚ ਵਧਦੀ ਅਸੁਰੱਖਿਆ ਦੀ ਭਾਵਨਾ ਅਤੇ ਅਰਾਜਕ ਮਾਹੌਲ ਤੇ ਫ਼ਿਕਰ ਦਾ ਇਜਹਾਰ ਕੀਤਾ। ਲੋਕਾਂ ਨਾਲ ਜੁੜੇ ਇਨ੍ਹਾਂ ਅਹਿਮ ਮੁੱਦਿਆਂ ਨਾਲ ਨਜਿੱਠਣ ਸਬੰਧੀ ਪਾਰਟੀ ਦੀ ਰਣਨੀਤੀ ਅਤੇ ਸੰਗਠਨ ਨਾਲ ਜੁੜੇ ਮੁੱਦੇ ਵੀ ਚਰਚਾ ਦਾ ਵਿਸ਼ਾ ਰਹੇ।

-----------------------------------------------------------

ਅੱਜ ਤੋਂ ਸ਼ੁਰੂ ਹੋਈ ਸਾਉਣੀ ਮੰਡੀਕਰਨ ਰੁੱਤ 2023-24 ਦੌਰਾਨ ਮੰਡੀਆਂ ਵਿੱਚ ਝੋਨੇ ਦੀ ਫਸਲ ਵੇਚਣ ਲਈ ਆਉਣ ਵਾਲੇ ਤਕਰੀਬਨ 8 ਲੱਖ ਤੋਂ ਵੱਧ ਕਿਸਾਨਾਂ ਲਈ ਸੁਖਾਵੇਂ ਹਾਲਾਤ ਯਕੀਨੀ ਬਣਾਉਣ ਵਾਸਤੇ ਸੂਬਾ ਸਰਕਾਰ ਨੇ ਸਾਰੇ ਪੁਖਤਾ ਪ੍ਰਬੰਧ ਕਰਨ ਦਾ ਦਾਅਵਾ ਕੀਤਾ ਏ। ਸੂਬੇ ਵਿੱਚ ਕੁੱਲ 1806 ਮੰਡੀਆਂ ਸਥਾਪਤ ਕੀਤੀਆਂ ਗਈਆਂ ਨੇ ਅਤੇ ਚੌਲ ਮਿੱਲਾਂ ਨੂੰ ਕੰਪਿਊਟਰਾਈਜ਼ਡ ਜੀ.ਪੀ.ਐੱਸ.

ਸਿਸਟਮ ਰਾਹੀਂ ਇਨ੍ਹਾਂ ਮੰਡੀਆਂ ਨਾਲ ਜੋੜਿਆ ਗਿਆ ਏ। ਖੁਰਾਕ ਤੇ ਸਿਵਲ ਸਪਲਾਈ ਮੰਤਰੀ ਲਾਲ ਚੰਦ ਕਤਾਰੂਚੱਕ ਨੇ ਸਮੁੱਚੀ ਖਰੀਦ ਪ੍ਰਕਿਰਿਆ ਵਿੱਚ ਪਾਰਦਰਸ਼ਤਾ ਦੀ ਵਕਾਲਤ ਕਰਦਿਆਂ ਚੇਤਾਵਨੀ ਦਿੱਤੀ ਏ ਕਿ ਕਿਸੇ ਵੀ ਕਿਸਮ ਦੀ ਕੁਤਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

---------------------------------------------------------------

ਪੰਜਾਬ ਸਰਕਾਰ ਕਣਕ ਦੀ ਬਿਜਾਈ ਦਾ ਸੀਜ਼ਨ ਨੇੜੇ ਆਉਣ ਦੇ ਮੱਦੇਨਜ਼ਰ ਕਿਸਾਨਾਂ ਨੂੰ ਕਣਕ ਦੇ ਤਕਰੀਬਨ 2 ਲੱਖ ਕੁਇੰਟਲ ਪ੍ਰਮਾਣਿਤ ਬੀਜ ਮੁਹੱਈਆ ਕਰਵਾਏਗੀ।

ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਇਕ ਬਿਆਨ ਵਿੱਚ ਇਹ ਜਾਣਕਾਰੀ ਦੇਂਦੀਆਂ ਦੱਸਿਆ ਕਿ ਹਾੜ੍ਹੀ ਦੇ ਸੀਜ਼ਨ ਦੌਰਾਨ ਕਿਸਾਨਾਂ ਨੂੰ ਬੀਜਾਂ ਦੀ ਕੁੱਲ ਕੀਮਤ ’ਤੇ 50 ਫੀਸਦੀ ਸਬਸਿਡੀ ਜਾਂ ਪ੍ਰਤੀ ਕੁਇੰਟਲ ਵੱਧ ਤੋਂ ਵੱਧ 1000 ਰੁਪਏ ਸਬਸਿਡੀ ਦੇ ਹਿਸਾਬ ਨਾਲ ਪ੍ਰਮਾਣਿਤ ਬੀਜ ਮੁਹੱਈਆ ਕਰਵਾਏ ਜਾਣਗੇ।

ਕਿਸਾਨਾਂ ਨੂੰ ਕਣਕ ਦੇ ਬੀਜ ਦੀ ਖਰੀਦ ਸਮੇਂ ਕੀਮਤ ’ਚੋਂ ਸਬਸਿਡੀ ਦੀ ਰਕਮ ਘਟਾਉਣ ਤੋਂ ਬਾਅਦ ਬਚੀ ਹੋਈ ਰਕਮ ਹੀ ਅਦਾ ਕਰਨੀ ਹੋਵੇਗੀ।

ਉਨਾਂ ਦੱਸਿਆ ਕਿ ਇੱਕ ਕਿਸਾਨ ਨੂੰ ਸਬਸਿਡੀ ਵਾਲਾ ਬੀਜ ਵੱਧ ਤੋਂ ਵੱਧ 5 ਏਕੜ ਰਕਬੇ ਲਈ 2 ਕੁਇੰਟਲ ਮੁਹੱਈਆ ਕਰਵਾਇਆ ਜਾਵੇਗਾ ਅਤੇ ਸਬਸਿਡੀ ਵਾਲੇ ਬੀਜਾਂ ਦੀ ਵੰਡ ਸਮੇਂ ਅਨੁਸੂਚਿਤ ਜਾਤੀਆਂ, ਛੋਟੇ 2.5 ਏਕੜ ਤੋਂ 5 ਏਕੜ ਅਤੇ ਸੀਮਾਂਤ ਕਿਸਾਨਾਂ 2.5 ਏਕੜ ਤੱਕ ਵਾਲਿਆਂ ਨੂੰ ਤਰਜੀਹ ਦਿੱਤੀ ਜਾਵੇਗੀ।

---------------------------------------------------------------

ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਪਾਰਦਰਸ਼ੀ ਤੇ ਭ੍ਰਿਸ਼ਟਾਚਾਰ ਮੁਕਤ ਸੇਵਾਵਾਂ ਮੁਹੱਈਆ ਕਰਵਾਉਣ ਦੀ ਵਚਨਬੱਧਤਾ ਉਤੇ ਚੱਲਦਿਆਂ ਖਣਨ ਵਿਭਾਗ ਨੇ ਇੱਕ ਅਹਿਮ ਫੈਸਲਾ ਲੈਂਦਿਆਂ ਸੂਬੇ ਦੇ ਸਾਰੇ ਕਰੈਸ਼ਰਾਂ ਦੇ ਬਿਜਲੀ ਮੀਟਰਾਂ ਨੂੰ ਸੰਗਠਿਤ ਕਰਦਿਆਂ ਵਿਭਾਗ ਦੇ ਪੋਰਟਲ ਨਾਲ ਜੋੜ ਦਿੱਤਾ ਏ।

ਇੱਕ ਬਿਆਨ ਵਿੱਚ ਖਣਨ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਨੇ ਦੱਸਿਆ ਕਿ ਖਣਨ ਦੀਆਂ ਗਤੀਵਿਧੀਆਂ ਵਿੱਚ ਪਾਰਦਰਸ਼ਤਾ ਲਿਆਉਂਦਿਆਂ ਸਾਰੇ ਕਰੈਸ਼ਰਾਂ ਦੇ ਮੀਟਰਾਂ ਨੂੰ ਸੰਗਠਿਤ ਕਰ ਦਿੱਤਾ ਗਿਆ ਏ।

ਖਣਨ ਵਿਭਾਗ ਦਾ ਪੋਰਟਲ ਪੀ.ਐਸ.ਪੀ.ਸੀ.ਐਲ. ਦੇ ਮੀਟਰਾਂ ਨਾਲ ਜੁੜਿਆ ਹੋਵੇਗਾ ਜਿਸ ਨਾਲ ਕਰੈਸ਼ਰ ਮਾਲਕਾਂ ਵੱਲੋਂ ਹਰ ਮਹੀਨੇ ਮੀਟਰ ਦੀ ਰੀਡਿੰਗ ਦੀ ਜਾਣਕਾਰੀ ਵਿਭਾਗ ਨੂੰ ਦਿੱਤੀ ਜਾਵੇਗੀ। ਇਸ ਨਾਲ ਕਰੈਸ਼ਰ ਮਾਲਕ ਵੱਲੋਂ ਵੇਚੇ ਜਾਂਦੇ ਮਾਲ ਅਤੇ ਮੀਟਰ ਉਪਰਲੀ ਰੀਡਿੰਗ ਦਾ ਮਿਲਾਣ ਕੀਤਾ ਜਾ ਸਕੇਗਾ।